# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :13-04-2026**

ਪੰਜਾਬ ਵਿਧਾਨ ਸਭਾ ਦੇ ਅੱਜ ਵਿਸ਼ੇਸ਼ ਤੌਰ 'ਤੇ ਬੁਲਾਏ ਗਏ ਸਮਾਗਮ ਵਿੱਚ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਪੇਸ਼ ਕਰ ਦਿੱਤਾ ਗਿਆ ਏ। ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਸ਼ਨਿਚਰਵਾਰ ਨੂੰ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਬਿੱਲ ਦੇ ਖਰੜੇ ਨੂੰ ਪਹਿਲਾਂ ਹੀ ਮਨਜ਼ੂਰੀ ਦੇ ਦਿੱਤੀ ਗਈ ਸੀ। ਅੱਜ ਇਸ ਬਿਲ ਨੂੰ ਵਿਧਾਨ ਸਭਾ ਵਿੱਚ ਮੁੱਖ ਮੰਤਰੀ ਵੱਲੋਂ ਪੇਸ਼ ਕੀਤਾ ਗਿਆ। ਆਖਰੀ ਖਬਰ ਲਿਖੇ ਜਾਣ ਤਕ ਬਿਲ ਤੇ ਚਰਚਾ ਚੱਲ ਰਹੀਂ ਸੀ। ਇਸ ਖਰੜੇ ਵਿੱਚ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀ ਕਿਸੇ ਵੀ ਕਾਰਵਾਈ ਲਈ ਘੱਟੋ-ਘੱਟ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਖ਼ਤ ਸਜ਼ਾ ਦੀ ਵਿਵਸਥਾ ਏ। 2008 ਦੇ ਕਾਨੂੰਨ ਵਿੱਚ ਤਜਵੀਜ਼ਸ਼ੁਦਾ ਸੋਧਾਂ ਵਿੱਚ, ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਗੁਰੂ ਗ੍ਰੰਥ ਸਾਹਿਬ ਦੀ ਪਵਿੱਤਰਤਾ ਨੂੰ ਬਰਕਰਾਰ ਰੱਖਣ ਲਈ, 5 ਲੱਖ ਰੁਪਏ ਤੋਂ 25 ਲੱਖ ਰੁਪਏ ਤੱਕ ਦਾ ਜੁਰਮਾਨਾ ਲਗਾਉਣ ਦੀ ਵੀ ਤਜਵੀਜ਼ ਏ। ਇਸ ਤੋਂ ਪੈਹਲਾਂ ਵਿਧਾਨ ਸਭਾ ਦੀ ਕਾਰਵਾਈ ਦੀ ਸ਼ੁਰੂਆਤ

ਸ਼ਰਧਾਂਜਲੀਆਂ ਨਾਲ ਹੋਈ, ਜਿਸ ਵਿੱਚ ਜਲ੍ਹਿਆਂਵਾਲਾ ਬਾਗ ਕਤਲੇਆਮ ਵਿੱਚ ਅਜ ਦੇ ਹੀ ਦਿਨ 1919 ਵਿਚ ਆਪਣੀਆਂ ਜਾਨਾਂ ਗੁਆਉਣ ਵਾਲਿਆਂ ਸਮੇਤ ਪ੍ਰਸਿੱਧ ਗਾਇਕਾ ਆਸ਼ਾ ਭੌਂਸਲੇ ਅਤੇ ਵਰਿੰਦਾਵਨ ਅਤੇ ਕਾਂਗੜਾ ਹਾਦਸੇ ਦੇ ਪੀੜਤਾਂ ਨੂੰ ਸ਼ਰਧਾਂਜਲੀਆਂ ਦਿੱਤੀਆਂ ਗਈਆਂ । ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਸ਼ਤੀਆਂ ਦੀ ਸਵਾਰੀ ਦੀ ਪੇਸ਼ਕਸ਼ ਕਰਨ ਵਾਲੇ ਸੈਰ-ਸਪਾਟਾ ਸਥਾਨਾਂ 'ਤੇ ਸੁਰੱਖਿਆ ਬਾਰੇ ਚਿੰਤਾਵਾਂ ਉਠਾਈਆਂ, ਢੁਕਵੇਂ ਉਪਕਰਣਾਂ ਤੇ ਸਿਖਲਾਈ ਪ੍ਰਾਪਤ ਡਰਾਈਵਰਾਂ ਦੀ ਜ਼ਰੂਰਤ 'ਤੇ ਵੀ  ਜ਼ੋਰ ਦਿੱਤਾ ।

---------------------------------------------------------------------------

ਰਾਸ਼ਟਰ ਅੱਜ ਉਨ੍ਹਾਂ ਸੈਂਕੜੇ ਨਿਰਦੋਸ਼ ਲੋਕਾਂ ਨੂੰ ਸ਼ਰਧਾਂਜਲੀ ਦੇ ਰਿਹਾ ਏ ਜਿਨ੍ਹਾਂ ਨੂੰ 1919 ਵਿੱਚ ਬਰਤਾਨਵੀ ਅਫਸਰ ਰੇਜੀਨਾਲਡ ਡਾਇਰ ਵਲੋਂ ਅੰਮ੍ਰਿਤਸਰ ਸਥਿਤ ਜਲ੍ਹਿਆਂਵਾਲਾ ਬਾਗ ਵਿੱਚ ਬੇਰਹਿਮੀ ਨਾਲ ਕਤਲ ਦਿੱਤਾ ਗਿਆ ਸੀ । ਉਸ ਕਤਲੇਆਮ ਨੇ ਭਾਰਤ ਦੀ ਆਜ਼ਾਦੀ ਦੀ ਲਹਿਰ ਨੂੰ ਹੋਰ ਵੀ ਭੜਕਾ ਦਿੱਤਾ ਸੀ । ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਜਲ੍ਹਿਆਂਵਾਲਾ ਬਾਗ ਨੈਸ਼ਨਲ ਮੈਮੋਰੀਅਲ ਟਰੱਸਟ ਉਨ੍ਹਾਂ ਦੀ ਯਾਦ ਵਿੱਚ ਅੱਜ 107ਵਾਂ ਸ਼ਹੀਦੀ ਦਿਵਸ ਮਨਾ ਰਿਹਾ ਏ । ਰਾਸ਼ਟਰਪਤੀ, ਪ੍ਰਧਾਨ ਮੰਤਰੀ, ਅਤੇ ਗ੍ਰਹਿ ਮੰਤਰੀ ਨੇ ਜਲ੍ਹਿਆਂਵਾਲਾ ਬਾਗ ਕਤਲੇਆਮ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ

ਏ. ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਜਲ੍ਹਿਆਂਵਾਲਾ ਬਾਗ ਦੇ ਸ਼ਹੀਦ ਹੋਏ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਇਸ ਘਟਨਾ ਨੇ ਦੇਸ਼ ਵਾਸੀਆਂ ਵਿੱਚ ਆਜ਼ਾਦੀ ਲਈ ਇੱਕ ਨਵੀਂ ਚੇਤਨਾ ਅਤੇ ਦ੍ਰਿੜ ਇਰਾਦਾ ਪੈਦਾ ਕੀਤਾ। ਰਾਸ਼ਟਰਪਤੀ ਨੇ ਕਿਹਾ ਕਿ ਰਾਸ਼ਟਰ ਹਮੇਸ਼ਾ ਉਨ੍ਹਾਂ ਦਾ ਧੰਨਵਾਦੀ ਰਹੇਗਾ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਉਨ੍ਹਾਂ ਦੀ ਦੇਸ਼ ਭਗਤੀ ਦੀ ਭਾਵਨਾ ਹਰ ਕਿਸੇ ਨੂੰ ਸਮਰਪਣ ਅਤੇ ਵਫ਼ਾਦਾਰੀ ਨਾਲ ਰਾਸ਼ਟਰੀ ਸੇਵਾ ਦੇ ਰਾਹ 'ਤੇ ਅੱਗੇ ਵਧਣ ਲਈ ਪ੍ਰੇਰਿਤ ਕਰਦੀ ਰਹੇਗੀ ।ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਲੋਕਾਂ ਦੀ ਅਡੋਲ ਭਾਵਨਾ ਦੀ ਯਾਦ ਦਿਵਾਉਂਦੀ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਵਲੋਂ ਦਿਖਾਈ ਗਈ ਹਿੰਮਤ ਅਤੇ ਦ੍ਰਿੜਤਾ ਭਵਿੱਖ ਦੀਆਂ ਪੀੜ੍ਹੀਆਂ ਨੂੰ ਆਜ਼ਾਦੀ, ਨਿਆਂ ਅਤੇ ਮਾਣ ਦੇ ਮੁੱਲਾਂ ਦੀ ਰਾਖੀ ਕਰਨ ਲਈ ਪ੍ਰੇਰਿਤ ਕਰਦੀ ਰਹਿੰਦੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਜਲ੍ਹਿਆਂਵਾਲਾ ਬਾਗ ਵਿੱਚ ਜ਼ਾਲਮ ਬਰਤਾਨਵੀ ਸ਼ਾਸਨ ਦਾ ਅਣ – ਮਾਨਵੀ ਚਿਹਰਾ ਬੇਨਕਾਬ ਹੋ ਗਿਆ ਸੀ, ਜਦੋਂ ਸ਼ਾਂਤੀਪੂਰਨ ਇਕੱਠ ਕਰ ਰਹੇ ਨਿਹੱਥੇ ਦੇਸ਼ ਵਾਸੀਆਂ 'ਤੇ ਗੋਲੀਆਂ ਵਰਸਾਈਆਂ ਗਈਆਂ । ਉਨ੍ਹਾਂ ਕਿਹਾ ਕਿ ਇਸ ਘਿਨਾਉਣੇ ਕਾਰੇ

ਨੇ ਪੂਰੇ ਦੇਸ਼ ਨੂੰ ਹਿਲਾ ਕੇ ਰੱਖ ਦਿੱਤਾ ਅਤੇ ਭਗਤ ਸਿੰਘ ਅਤੇ ਊਧਮ ਸਿੰਘ ਵਰਗੇ ਇਨਕਲਾਬੀਆਂ ਦੇ ਦਿਲਾਂ ਵਿੱਚ ਆਜ਼ਾਦੀ ਦੀ ਲਾਟ ਨੂੰ ਹੋਰ ਵੀ ਪ੍ਰਚੰਡ ਕਰ ਦਿੱਤਾ। ਸ਼੍ਰੀ ਸ਼ਾਹ ਨੇ ਇਸ ਘਟਨਾ ਨੂੰ ਇਤਿਹਾਸਕ ਮੋੜ ਦੱਸਿਆ ਜਿੱਥੋਂ ਭਾਰਤੀ ਆਜ਼ਾਦੀ ਸੰਘਰਸ਼ ਵਿੱਚ ਇਨਕਲਾਬ ਦੀ ਭਾਵਨਾ ਨੂੰ ਹੋਰ ਵੀ ਤੇਜ਼ ਗਤੀ ਮਿਲੀ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਅੰਮ੍ਰਿਤਸਰ ਦੇ ਜਲ੍ਹਿਆਂਵਾਲਾ ਬਾਗ਼ ਵਿਖੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਸ਼ਹੀਦਾਂ ਨੂੰ ਨਮਨ ਕੀਤਾ ਏ. ਇੱਕ ਸੋਸ਼ਲ ਮੀਡੀਆ ਪੋਸਟ ਵਿਚ ਮੁਖ ਮੰਤਰੀ ਨੇ ਕਿਹਾ ਕਿ ਅੰਗਰੇਜ਼ੀ ਹਕੂਮਤ ਦੇ ਜ਼ੁਲਮ ਦਾ ਸ਼ਿਕਾਰ ਹੋਏ ਇਨ੍ਹਾਂ ਸੂਰਬੀਰਾਂ ਦੀ ਲਾਸਾਨੀ ਕੁਰਬਾਨੀ ਨੂੰ ਦੇਸ਼ ਹਮੇਸ਼ਾ ਯਾਦ ਰੱਖੇਗਾ। ਓਹਨਾਂ ਸਾਰਿਆਂ ਨੂੰ, ਰਲ ਕੇ ਸ਼ਹੀਦਾਂ ਦੇ ਸੁਪਨਿਆਂ ਦਾ ਪੰਜਾਬ ਸਿਰਜਣ ਦਾ ਸੱਦਾ ਵੀ ਦਿੱਤਾ.

---

ਕੇਂਦਰ ਨੇ ਸਰਹੱਦੀ ਜ਼ਿਲ੍ਹਿਆਂ ਦੇ ਕਿਸਾਨਾਂ ਨੂੰ ਆਪਣੀਆਂ ਜ਼ਮੀਨਾਂ ਵਾਹੁਣ ਵਿੱਚ ਆ ਰਹੀਆਂ ਮੁਸ਼ਕਲਾਂ ਘੱਟ ਕਰਨ ਲਈ ਪੰਜਾਬ ਵਿੱਚ ਸਰਹੱਦੀ ਵਾੜ ਨੂੰ ਜ਼ੀਰੋ ਲਾਈਨ ਨੇੜੇ ਤਬਦੀਲ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਏ । ਕੇਂਦਰੀ ਗ੍ਰਹਿ ਮੰਤਰਾਲੇ ਨੇ ਫਿਰੋਜ਼ਪੁਰ, ਤਰਨ ਤਾਰਨ, ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ ਤੇ ਫਾਜ਼ਿਲਕਾ ਸਮੇਤ

ਸਰਹੱਦੀ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਪ੍ਰਸਤਾਵਿਤ ਤਬਦੀਲੀ ਸੰਬੰਧੀ ਸਮਾਜਿਕ ਪ੍ਰਭਾਵ ਸਰਵੇਖਣ ਕਰਨ ਲਈ ਪੱਤਰ ਜਾਰੀ ਕੀਤੇ ਨੇ ਤੇ ਐਸ.ਡੀ.ਐਮ. ਜਲਦੀ ਹੀ ਇਨ੍ਹਾਂ ਜ਼ਿਲ੍ਹਿਆਂ ਵਿੱਚ ਕੰਮ ਸ਼ੁਰੂ ਕਰਨਗੇ। ਸਾਡੇ ਜਲੰਧਰ ਤੋਂ ਪੱਤਰਕਾਰ ਦੀ ਰਿਪੋਰਟ ਏ ਕਿ ਮੌਜੂਦਾ ਤਰੀਕੇ ਅਨੁਸਾਰ, ਕਿਸਾਨਾਂ ਨੂੰ ਸਰਹੱਦੀ ਸੁਰੱਖਿਆ ਬਲ, ਜੋ ਪਾਕਿਸਤਾਨ ਨਾਲ ਲੱਗਦੀ ਪੰਜਾਬ ਦੀ 553 ਕਿਲੋਮੀਟਰ ਲੰਬੀ ਸਰਹੱਦ ਤੇ ਤਾਇਨਾਤ ਏ , ਵਲੋਂ ਨਿਰਧਾਰਤ ਸਮੇਂ 'ਤੇ ਹੀ ਵਾੜ ਤੋਂ ਪਾਰ ਖੇਤੀ ਕਰਨ ਦੀ ਇਜਾਜ਼ਤ ਏ । ਕੱਲ੍ਹ ਇੱਕ ਪ੍ਰੋਗਰਾਮ ਦੌਰਾਨ ਇਹ ਖੁਲਾਸਾ ਕਰਦੇ ਹੋਏ, ਪੰਜਾਬ ਦੇ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਨੇ ਕਿਹਾ ਸੀ ਕਿ ਇਸ ਫੈਸਲੇ ਨਾਲ ਲੱਖਾਂ ਏਕੜ ਜ਼ਮੀਨ ਵਾੜ ਵਾਲੇ ਖੇਤਰ ਵਿੱਚ ਆ ਜਾਵੇਗੀ, ਜਿਸ ਨਾਲ ਕਿਸਾਨ ਖੁੱਲ੍ਹ ਕੇ ਖੇਤੀ ਕਰ ਸਕਣਗੇ ।

--------------------------------------------------------------------------

ਮਹਾਨ ਗਾਇਕਾ ਆਸ਼ਾ ਭੋਂਸਲੇ ਦਾ ਅੰਤਿਮ ਸੰਸਕਾਰ ਅੱਜ ਸ਼ਾਮ 4 ਵਜੇ ਮੁੰਬਈ ਦੇ ਸ਼ਿਵਾਜੀ ਪਾਰਕ ਵਿਖੇ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਜਾਵੇਗਾ। ਉਨ੍ਹਾਂ ਦਾ ਕੱਲ੍ਹ ਮੁੰਬਈ ਦੇ ਇੱਕ ਨਿੱਜੀ ਹਸਪਤਾਲ ਵਿੱਚ 92 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ ਸੀ। ਉਨ੍ਹਾਂ ਦੇ ਅੰਤਿਮ ਦਰਸ਼ਨਾਂ ਲਈ ਵੱਡੀ ਗਿਣਤੀ ਵਿਚ ਲੋਕ, ਉਨ੍ਹਾਂ ਦੇ ਨਿਵਾਸ ਸਥਾਨ 'ਤੇ ਪਹੁੰਚ ਰਹੇ ਨੇ। ਜਨਤਾ ਦੇ ਦਰਸ਼ਨਾਂ ਤੋਂ ਬਾਅਦ, ਉਨ੍ਹਾਂ ਦੀ ਦੇਹ ਨੂੰ

ਦਾਦਰ ਦੇ ਸ਼ਿਵਾਜੀ ਪਾਰਕ ਸ਼ਮਸ਼ਾਨਘਾਟ ਲੈਜਾਇਆ ਜਾਵੇਗਾ, ਜਿੱਥੇ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਜਾਵੇਗਾ।